ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ-ਫਾਜ਼ਿਲਕਾ

# 31 ਅਕਤੂਬਰ ਤੱਕ ਹਰ ਬੈਂਕ ਖਾਤੇ ਨੂੰ ਆਧਾਰ ਕਾਰਡ ਨਾਲ ਜ਼ੋੜਨਾ ਬਣਾਏ ਯਕੀਨੀ : ਡੀ.ਸੀ.

## ਤਿਮਾਹੀ ਮੀਟਿੰਗ ਦੌਰਾਨ ਬੈਂਕਾਂ ਵੱਲੋਂ ਸਰਕਾਰੀ ਸਕੀਮਾਂ ਤਹਿਤ ਕੀਤੇ ਕੰਮਾਂ ਦੀ ਕੀਤੀ ਸਮੀਖਿਆ

## ਪਹਿਲੀ ਤਿਮਾਹੀ 'ਚ 925 ਕਰੋੜ ਰੁਪਏ ਦੇ ਕਰਜ਼ਿਆਂ ਦੀ ਕੀਤੀ ਗਈ ਵੰਡ

## ਪੈਡਿੰਗ ਕੇਸਾਂ ਨੂੰ ਤਰਜੀਹ ਦੇ ਆਧਾਰ 'ਤੇ ਕੀਤਾ ਜਾਵੇ ਹੱਲ

## ਕਮਜ਼ੋਰ ਵਰਗਾਂ ਨੂੰ ਵੀ ਬੈਕਿੰਗ ਸੇਵਾਵਾਂ ਨਾਲ ਜੋੜਿਆ ਜਾਵੇ

## ਬੈਂਕਾਂ ਨੂੰ ਮਿੱਥੇ ਟੀਚੇ ਪੂਰੇ ਕਰਨ ਦੇ ਆਦੇਸ਼

ਫਾਜ਼ਿਲਕਾ 18 ਸਤੰਬਰ

ਬੈਂਕਿੰਗ ਸਲਾਹਕਾਰ ਕਮੇਟੀ ਦੀ ਤਿਮਾਹੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਈਸ਼ਾ ਕਾਲੀਆ ਨੇ ਬੈਂਕਾਂ ਨੂੰ ਹਦਾਇਤ ਕੀਤੀ ਕਿ ਉਹ ਕਮਜ਼ੋਰ ਵਰਗਾਂ ਨੂੰ ਬੈਂਕਿੰਗ ਸੇਵਾਵਾਂ ਨਾਲ ਜੋੜਨ ਨੂੰ ਵਿਸ਼ੇਸ਼ ਤਰਜੀਹ ਦੇਣ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਹੋਈ ਮੀਟਿੰਗ ਦੌਰਾਨ ਉਨ੍ਹਾਂ ਜ਼ਿਲ੍ਹੇ ਦੇ ਸਮੂਹ ਬੈਕਾਂ ਨੂੰ ਆਪਣੇ ਮਿੱਥੇ ਟੀਚੇ ਤਹਿ ਸਮੇਂ ਅੰਦਰ ਪੂਰੇ ਕਰਨ ਦੇ ਆਦੇਸ਼ ਦਿੱਤੇ ਗਏ। ਇਸ ਦੇ ਨਾਲ ਉਨ੍ਹਾਂ ਨੇ ਸਮੂਹ ਬੈਂਕਾਂ ਨੂੰ ਹਦਾਇਤ ਕੀਤੀ ਕਿ ਉਹ 31 ਅਕਤੂਬਰ 2017 ਤੱਕ ਬੈਂਕ ਦੇ ਸਾਰੇ ਖਾਤਿਆਂ ਨੂੰ ਆਧਾਰ ਕਾਰਡ ਨਾਲ ਜ਼ੋੜਨਾ ਯਕੀਨੀ ਬਣਾਇਆ ਜਾਵੇ। ਮੀਟਿੰਗ ਦੌਰਾਨ ਵੱਖ-ਵੱਖ ਸਮਾਜਿਕ ਸੁਰੱਖਿਆ ਯੋਜਨਾਵਾਂ ਦੇ ਕੰਮਾਂ ਦੀ ਸਮੀਖਿਆ ਕੀਤੀ ਗਈ। ਉਨ੍ਹਾਂ ਨੇ ਆਦੇਸ਼ ਦਿੰਦਿਆਂ ਕਿਹਾ ਕਿ ਪੈਡਿੰਗ ਪਏ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣ।

ਡਿਪਟੀ ਕਮਿਸ਼ਨਰ ਸ਼੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ  ਜ਼ਿਲ੍ਹਾ ਫਾਜ਼ਿਲਕਾ ਵਿਚ ਵੱਖ ਵੱਖ ਬੈਂਕਾਂ ਵੱਲੋਂ ਖੇਤੀ ਸੈਕਟਰ ਨੂੰ ਛੋਟੇ ਅਤੇ ਲਘੂ ਕਰਜ਼ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪਹਿਲੀ ਤਿਮਾਹੀ ਦੌਰਾਨ ਵੱਖ-ਵੱਖ ਬੈਂਕਾਂ ਵੱਲੋਂ ਜ਼ਿਲ੍ਹੇ ਅੰਦਰ 925 ਕਰੋੜ ਰੁਪਏ ਦੇ ਕਰਜ਼ਿਆਂ ਦੀ ਵੰਡ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਬੈਂਕਾਂ ਦੇ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਨੂੰ ਸਰਕਾਰ ਦੀਆਂ ਸਕੀਮਾਂ ਅਨੁਸਾਰ ਵਿੱਤੀ ਮਦਦ ਦਿੱਤੀ ਜਾਵੇ ਅਤੇ ਅਜਿਹਾ ਨਾ

ਕਰਨ ਵਾਲੀਆਂ ਬੈਂਕਾਂ ਖਿਲਾਫ਼ ਭਾਰਤੀ ਰਿਜ਼ਰਵ ਬੈਂਕ ਨੂੰ ਲਿਖਣ ਤੋਂ ਵੀ ਗੁਰੇਜ ਨਹੀਂ ਕੀਤਾ ਜਾਵੇਗਾ। ਇਸ ਤਰ੍ਹਾਂ ਉਨ੍ਹਾਂ ਨੇ ਬੈਂਕਾਂ ਨੂੰ ਸਖ਼ਤੀ ਨਾਲ ਤਾੜਨਾ ਕੀਤੀ ਕਿ ਉਹ ਆਪਣੇ ਬੈਕਾਂ ਵਿੱਚ ਪਏ ਪੈਡਿੰਗ ਦੇ ਕੇਸਾਂ  ਦਾ ਨਿਪਟਾਰਾ ਵੀ ਨਿਯਮਾਂ ਅਨੁਸਾਰ ਨਿਰਧਾਰਿਤ ਤਹਿ ਸਮੇਂ ਕਰਨਾ ਯਕੀਨੀ ਬਣਾਉਣ ਤਾਂ ਜੋ ਨਵੇਂ ਉਦਮੀਆਂ ਨੂੰ ਆਪਣਾ ਕਿੱਤਾ ਸ਼ੁਰੂ ਕਰਨ ਲਈ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।

ਡਿਪਟੀ ਕਮਿਸ਼ਨਰ ਨੇ ਸਵੈ ਸਹਾਇਤਾ ਸਮੂਹਾਂ ਨੂੰ ਪ੍ਰਫੁੱਲਤ ਕਰਨ ਲਈ ਵੀ ਬੈਂਕਾਂ ਨੂੰ ਬਣਦਾ ਯੋਗਦਾਨ ਪਾਉਣ ਲਈ ਕਿਹਾ। ਉਨ੍ਹਾਂ ਨੇ ਬੈਕਾਂ ਨੂੰ ਹਦਾਇਤ ਕੀਤੀ ਕਿ ਸਾਰੇ ਯੋਗ ਅਤੇ   ਗੈਰ ਡਿਫਾਲਟਰ ਕਿਸਾਨਾਂ ਨੂੰ ਮੰਗ ਅਨੁਸਾਰ  ਕਿਸਾਨ ਕਰੈਡਟ ਕਾਰਡ ਜਾਰੀ ਕੀਤੇ ਜਾਣ ਅਤੇ ਇਸ ਦੇ ਨਾਲ ਹੀ ਏ.ਟੀ.ਐਮ. ਕਾਰਡ ਵੀ ਦਿੱਤਾ ਜਾਵੇ। ਉਨ੍ਹਾਂ ਨੇ ਬੈਂਕ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਜਨ ਧਨ ਯੋਜਨਾ ਅਧੀਨ ਖਾਤਾ ਧਾਰਕਾਂ ਨੂੰ ਜਲਦ ਤੋਂ ਜਲਦ ਰੁਪੈ ਕਾਰਡ ਮੁਹੱਈਆ ਕਰਵਾਏ ਜਾਣ।

ਇਸ ਮੌਕੇ ਸਹਾਇਕ ਕਮਿਸ਼ਨਰ(ਅੰਡਰ ਟ੍ਰੇਨਿੰਗ) ਸ. ਰਣਦੀਪ ਸਿੰਘ ਹੀਰ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਸ੍ਰੀ ਪਰਮਜੀਤ ਕੋਚਰ, ਵਿੱਤੀ ਸਾਖਰਤਾ ਸਲਾਹਕਾਰ ਸ੍ਰੀ ਸਤਪਾਲ ਸੇਤੀਆ ਅਤੇ ਹੋਰ ਵੱਖ-ਵੱਖ ਬੈਕਾਂ ਦੇ ਅਧਿਕਾਰੀ ਹਾਜ਼ਰ ਸਨ।